# ਜ਼ੋਨਲ ਫੁੱਟਬਾਲ ਟੂਰਨਾਮੈਂਟ ਅੱਜ ਤੋਂ ਲੁਧਿਆਣਾ 'ਚ

ਲੁਧਿਆਣਾ, 18 ਜਨਵਰੀ (ਜਤਿੰਦਰਪਾਲ ਸਿੰਘ): ਵਿਸ਼ਵ ਦੀ ਦੂਜੀ ਸਭ ਤੋਂ ਵੱਡੀ ਚਾਹ ਕੰਪਨੀ ਟਾਟਾ ਗਲੋਬਲ ਬੇਵਰੇਜੇਸ ਲਿਮਟਿਡ 19 ਅਤੇ 20 ਜਨਵਰੀ 2012 ਨੂੰ ਲੁਧਿਆਣਾ 'ਚ ਆਪਣੇ ਟਾਟਾ ਟੀ ਜਾਗੋ ਰੇ ਇੰਟਰ ਮਿਲਾਨ ਸਾਕਰ ਸਟਾਰਜ਼ 2012 ਦੇ 5ਵੇਂ ਭਾਗ ਤੋਂ ਪਰਦਾ ਉਠਾਏਗਾ। ਇਸ ਫੁਟਬਾਲ ਟੂਰਨਾਮੈਂਟ ਦਾ ਆਯੋਜਨ ਮੈਤੀ ਨਗਰ ਸਟੇਡਿਅਮ, ਸੈਕਟਰ –32, ਲੁਧਿਆਣਾ ਦੇ ਫੁੱਟਬਾਲ ਸਟੇਡੀਅਮ 'ਚ ਕੀਤਾ ਜਾਵੇਗਾ। ਭਾਰਤ 'ਚ ਅੰਡਰ-15 ਫੁੱਟਬਾਲ ਟੈਲੇਂਟ ਖੋਜ ਦੀ ਦੇਣ ਟਾਟਾ ਟੀ ਨੂੰ ਜਾਂਦੀ ਹੈ। ਕੰਪਨੀ ਨਾਮੀ ਫੁਟਬਾਲ ਕਲੱਬ ਐਫਸੀ ਇੰਟਰਨੇਜ਼ਿਓਲੇਨ ਮਿਲਾਨੋ (ਇੰਟਰ ਮਿਲਾਨ) ਦੇ ਨਾਲ ਮਿਲ ਕੇ ਇਸ ਦਾ ਆਯੋਜਨ ਕਰ ਰਹੀ ਹੈ। ਲੁਧਿਆਣਾ 'ਚ ਆਯੋਜਿਤ ਹੋਣ ਵਾਲੇ ਇਸ 2 ਦਿਨਾਂ ਟੂਰਨਾਮੈਂਟ 'ਚ 32 ਸਕੂਲਾਂ ਦੇ 350 ਤੋਂ ਜ਼ਿਆਦਾ ਬੱਚੇ ਭਾਗ ਲੈਣਗੇ। ਇਸ 'ਚ ਜਿੱਤਣ ਵਾਲੀ ਟੀਮ ਸ਼ਿਲਾਂਗ 'ਚ ਹੋਣ ਵਾਲੀ ਰਾਸ਼ਟਰੀ ਚੈਂਪੀਅਨਸ਼ਿਪ ਦੇ ਲਈ ਦੇਸ਼ ਦੇ ਵੱਖ-ਵੱਖ ਖੇਤਰਾਂ ਤੋਂ ਚੁਣੀਆਂ ਗਈਆਂ 14 ਹੋਰ ਟੀਮਾਂ ਦੇ ਨਾਲ ਭਿੜੇਗੀ। ਟੂਰਨਾਮੈਂਟ ਦੇ ਚੋਫ ਸਕਾਊਟ ਸ੍ਰੀ ਜਮਸ਼ਿਦ ਨਾਸਿਰੀ ਇਸ ਪੂਰੇ ਟੂਰਨਾਮੈਂਟ 'ਤੇ ਖਾਸ ਨਜ਼ਰ ਰੱਖ ਰਿਹਾ ਹੈ ਤਾਂ ਕਿ ਇਸ ਖੇਡ 'ਚ 10 ਤੋਂ 15 ਸਾਲ ਦੀ ਉਮਰ ਦੇ ਪ੍ਰਤਿਭਾਵਾਨ ਬੱਚਿਆਂ ਦੀ ਖੋਜ ਹੋ ਸਕੇ। ਲਗਭਗ 15 ਖੇਤਰਾਂ ਦੇ 30 ਅਸਾਧਾਰਨ ਪ੍ਰਤਿਭਾ ਵਾਲੇ ਬੱਚਿਆਂ ਨੂੰ ਇੰਟਰ ਮਿਲਨ ਅਤੇ ਭਾਰਤੀ ਕੋਚਾਂ ਵੱਲੋਂ ਕੋਚਿੰਗ ਦਿੱਤੀ ਜਾਵੇਗੀ। ਇਸ 'ਚ 16 ਬੱਚਿਆਂ ਨੂੰ ਮਿਲਾਨ ਦੇ ਲਈ ਚੁਣਿਆ ਜਾਵੇਗਾ ਜਿੱਥੇ ਉਹ ਇੰਟਰਨਲ ਯੂਥ ਫ੍ਰੈਂਡਲੀ ਟੂਰਨਾਮੈਂਟ 'ਚ ਭਾਰਤ ਦੀ ਅਗਵਾਈ ਕਰਨਗੇ।